# 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਖਾਲਸਾ ਕਾਲਜ ਵਿਖੇ ਕਰਵਾਇਆ ਗਿਆ ਸੰਗਤੀ ਰੂਪ 'ਚ ਸਹਿਜ ਪਾਠਾਂ ਦਾ ਭੋਗ ਸਮਾਗਮ

## ☛ 50000 ਹਜ਼ਾਰ ਤੋਂ ਵੱਧ ਸੰਗਤ ਨੇ ਕੀਤੇ ਸ਼ਮੂਲੀਅਤ

**ਪ੍ਰਾਈਮ ਉਦੇ**

ਸ੍ਰੀ ਅਨੰਦਪੁਰ ਸਾਹਿਬ, 16 ਨਵੰਬਰ (ਜੋਗਿੰਦਰ ਰਾਣਾ/ਦਰਸ਼ ਰਾਣਾ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸਥਾਨਕ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੰਗਤੀ ਰੂਪ 'ਚ ਸਹਿਜ ਪਾਠਾਂ ਦਾ ਭੋਗ ਸਮਾਗਮ ਕਰਵਾਇਆ ਗਿਆ ਜਿਸ ਵਿੱਚ 50000 ਤੋਂ ਵੱਧ ਸੰਗਤਾਂ ਨਤਮਸਤਕ ਹੋਈਆਂ ਅਤੇ ਉਨ੍ਹਾਂ ਵੱਲੋਂ ਸੰਗਤੀ ਰੂਪ 'ਚ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਗਏ। ਇਹ ਪ੍ਰੋਗਰਾਮ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਸ੍ਰੀ ਸਹਿਜ ਪਾਠ ਸੇਵਾ ਸੰਸਥਾ ਵੱਲੋਂ ਕਰਵਾਇਆ ਗਿਆ। ਸਮਾਗਮ ਵਿੱਚ ਪੰਜਾਬ ਦੇ ਵੱਖ - ਵੱਖ ਹਿੱਸਿਆਂ ਤੋਂ 50,000 ਤੋਂ ਵੱਧ ਸੰਗਤ ਪੁੱਜੀ। ਇਹ ਉਹ ਸੰਗਤ ਸੀ ਜਿਨਾਂ ਨੇ ਆਪਣੇ ਘਰਾਂ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ੍ਰੀ ਸਹਿਜ ਪਾਠ ਸਾਹਿਬ ਦੇ ਪਾਠ ਰੱਖੇ ਸਨ । ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਪੁੱਜੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ





ਸੰਗਤਾਂ ਨੂੰ ਸੰਬੋਧਨ ਕਰਦਿਆਂ ਗੁਰੂ ਤੇਗ ਬਹਾਦਰ ਸਾਹਿਬ ਦੇ ਫਲਸਫੇ ਨੂੰ ਆਪਣੀ ਜ਼ਿੰਦਗੀ ਵਿੱਚ ਢਾਲਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਅੱਜ ਲੋੜ ਹੈ ਕੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਆਵਾਜ਼ ਬੁਲੰਦ ਕੀਤੀ ਜਾਵੇ, ਉਨ੍ਹਾਂ ਆਖਿਆ ਕਿ ਸਿੱਖਾਂ ਨੂੰ ਗੁਰਬਾਣੀ ਤੋਂ ਸੇਧ ਲੈਂਦੇ ਹੋਏ ਮਜ਼ਲੂਮਾਂ ਦੀ ਰੱਖਿਆ ਲਈ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ। ਉਨ੍ਹਾਂ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹੀਦੀ ਸ਼ਤਾਬਦੀ ਮੌਕੇ ਸੰਗਤਾਂ ਦੇ ਜਾਹੋ ਜਲਾਲ ਨੂੰ ਦੇਖ ਕੇ ਕਿਹਾ ਕਿ ਸਮੁੱਚਾ ਖਾਲਸਾ ਪੰਥ ਅੱਜ ਸ਼ਤਾਬਦੀ ਪੂਰੀ ਚੜ੍ਹਦੀ ਕਲਾ ਨਾਲ ਮਨਾ ਰਿਹਾ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਸੰਗਤਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਰੇ ਪ੍ਰੋਗਰਾਮਾਂ ਵਿੱਚ ਵੱਧ ਚੜ੍ਹ ਕੇ ਸ਼ਿਰਕਤ ਕਰਨ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਡਾਕਟਰ ਦਲਜੀਤ ਸਿੰਘ ਚੀਮਾ, ਸ਼੍ਰੋਮਣੀ ਕਮੇਟੀ ਮੈਬਰ ਤੇ ਚੀਫ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਸ਼੍ਰੋਮਣੀ ਕਮੇਟੀ ਦੇ ਐਗਜੈਕਟਿਵ ਮੈਂਬਰ ਦਲਜੀਤ ਸਿੰਘ ਭਿੰਡਰ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈਡ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ, ਕਾਰ ਸੇਵਾ ਕਿਲਾ ਅਨੰਦਗੜ੍ਹ ਸਾਹਿਬ ਦੇ ਪ੍ਰਬੰਧਕ ਸੰਤ ਬਾਬਾ ਸਤਨਾਮ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਪਰਮਜੀਤ ਸਿੰਘ ਲੱਖੇਵਾਲ, ਸਿੱਖ ਮਸ਼ੀਨਰੀ ਕਾਲਜ ਦੇ ਪ੍ਰਿੰਸੀਪਲ ਚਰਨਜੀਤ ਸਿੰਘ, ਜਥੇਦਾਰ ਸੁਰਿੰਦਰ ਸਿੰਘ ਮਟੌਰ ਅਤੇ ਵੱਡੀ ਗਿਣਤੀ ਵਿੱਚ ਸੰਗਤ ਮੌਜੂਦ ਸੀ।

# 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਖਾਲਸਾ ਕਾਲਜ ਵਿਖੇ ਕਰਵਾਇਆ ਗਿਆ ਸੰਗਤੀ ਰੂਪ 'ਚ ਸਹਿਜ ਪਾਠਾਂ ਦਾ ਭੋਗ ਸਮਾਗਮ

## 50000 ਹਜਾਰ ਤੋਂ ਵੱਧ ਸੰਗਤ ਨੇ ਕੀਤੇ ਸ਼ਮੂਲੀਅਤ

ਸ੍ਰੀ ਅਨੰਦਪੁਰ ਸਾਹਿਬ, 16 ਨਵੰਬਰ (ਜੋਗਿੰਦਰ ਰਾਣਾ/ਦਰਸ਼ ਰਾਣਾ) - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸਥਾਨਕ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਨੌਵੇਂ ਪਾਤਸਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350 ਸਾਲਾ ਸਹੀਦੀ ਦਿਹਾੜੇ ਨੂੰ ਸਮਰਪਿਤ ਸੰਗਤੀ ਰੂਪ 'ਚ ਸਹਿਜ ਪਾਠਾਂ ਦਾ ਭੋਗ ਸਮਾਗਮ ਕਰਵਾਇਆ ਗਿਆ ਜਿਸ ਵਿੱਚ 50000 ਤੋਂ ਵੱਧ ਸੰਗਤਾਂ ਨਤਮਸਤਕ ਹੋਈਆਂ ਅਤੇ ਉਨ੍ਹਾਂ ਵੱਲੋਂ ਸੰਗਤੀ ਰੂਪ 'ਚ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਗਏ। ਇਹ ਪ੍ਰੋਗਰਾਮ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਸ੍ਰੀ ਸਹਿਜ ਪਾਠ ਸੇਵਾ ਸੰਸਥਾ ਵੱਲੋਂ ਕਰਵਾਇਆ ਗਿਆ। ਸਮਾਗਮ ਵਿੱਚ ਪੰਜਾਬ ਦੇ ਵੱਖ - ਵੱਖ ਹਿੱਸਿਆਂ ਤੋਂ 50,000 ਤੋਂ ਵੱਧ ਸੰਗਤ ਪੁੱਜੀ। ਇਹ ਉਹ ਸੰਗਤ ਸੀ ਜਿਨਾਂ ਨੇ ਆਪਣੇ ਘਰਾਂ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਸਹੀਦੀ ਸਤਾਬਦੀ ਨੂੰ ਸਮਰਪਿਤ ਸ੍ਰੀ ਸਹਿਜ ਪਾਠ ਸਾਹਿਬ ਦੇ ਪਾਠ ਰੱਖੇ ਸਨ । ਸਮਾਗਮ ਵਿੱਚ ਵਿਸੇਸ ਤੌਰ ਤੇ ਪੁੱਜੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਗੁਰੂ ਤੇਗ ਬਹਾਦਰ ਸਾਹਿਬ ਦੇ ਫਲਸਫੇ ਨੂੰ ਆਪਣੀ ਜਿੰਦਗੀ ਵਿੱਚ ਢਾਲਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਅੱਜ ਲੋੜ ਹੈ ਕੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਆਵਾਜ ਬੁਲੰਦ





ਕੀਤੀ ਜਾਵੇ, ਉਨ੍ਹਾਂ ਆਖਿਆ ਕਿ ਸਿੱਖਾਂ ਨੂੰ ਗੁਰਬਾਣੀ ਤੋਂ ਸੇਧ ਲੈਂਦੇ ਹੋਏ ਮਜਲੂਮਾਂ ਦੀ ਰੱਖਿਆ ਲਈ ਆਵਾਜ ਬੁਲੰਦ ਕਰਨੀ ਚਾਹੀਦੀ ਹੈ। ਉਨ੍ਹਾਂ ਗੁਰੂ ਤੇਗ ਬਹਾਦਰ ਸਾਹਿਬ ਦੀ ਸਹੀਦੀ ਸਤਾਬਦੀ ਮੌਕੇ ਸੰਗਤਾਂ ਦੇ ਜਾਹੋ ਜਲਾਲ ਨੂੰ ਦੇਖ ਕੇ ਕਿਹਾ ਕਿ ਸਮੁੱਚਾ ਖਾਲਸਾ ਪੰਥ ਅੱਜ ਸਤਾਬਦੀ ਪੂਰੀ ਚੜ੍ਹਦੀ ਕਲਾ ਨਾਲ ਮਨਾ ਰਿਹਾ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਸੰਗਤਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਰੇ ਪ੍ਰੋਗਰਾਮਾਂ ਵਿੱਚ ਵੱਧ ਚੜ੍ਹ ਕੇ ਸ਼ਿਰਕਤ ਕਰਨ ਅਤੇ ਗੁਰੂ ਘਰ ਦੀਆਂ ਖੁਸੀਆਂ ਪ੍ਰਾਪਤ ਕਰਨ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਡਾਕਟਰ ਦਲਜੀਤ ਸਿੰਘ ਚੀਮਾ, ਸ਼੍ਰੋਮਣੀ ਕਮੇਟੀ ਮੈਂਬਰ ਤੇ ਚੀਫ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਸ਼੍ਰੋਮਣੀ ਕਮੇਟੀ ਦੇ ਐਗਜੈਕਟਿਵ ਮੈਂਬਰ ਦਲਜੀਤ ਸਿੰਘ ਭਿੰਡਰ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈਡ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ, ਕਾਰ ਸੇਵਾ ਕਿਲਾ ਅਨੰਦਗੜ੍ਹ ਸਾਹਿਬ ਦੇ ਪ੍ਰਬੰਧਕ ਸੰਤ ਬਾਬਾ ਸਤਨਾਮ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਪਰਮਜੀਤ ਸਿੰਘ ਲੱਖੇਵਾਲ, ਸਿੱਖ ਮਸੀਨਰੀ ਕਾਲਜ ਦੇ ਪ੍ਰਿੰਸੀਪਲ ਚਰਨਜੀਤ ਸਿੰਘ, ਜਥੇਦਾਰ ਸੁਰਿੰਦਰ ਸਿੰਘ ਮਟੌਰ ਅਤੇ ਵੱਡੀ ਗਿਣਤੀ ਵਿੱਚ ਸੰਗਤ ਮੌਜੂਦ ਸੀ।

PunjabTimes
Punjab Times / 2025-11-17, Page 12, Punjabi

# 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸ੍ਰੀ ਅਨੰਦਪੁਰ ਸਾਹਿਬ ਵਿਖੇ 35 ਹਜ਼ਾਰ ਸਹਿਜ ਪਾਠਾਂ ਦੇ ਭੋਗ

## ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ 23 ਤੋਂ 29 ਨਵੰਬਰ ਤੱਕ ਹਰ ਸਿੱਖ ਆਪਣੇ ਘਰ, ਵਪਾਰਕ ਅਦਾਰੇ 'ਤੇ ਖ਼ਾਲਸਈ ਨਿਸ਼ਾਨ ਝੁਲਾਵੇ : ਜਥੇਦਾਰ ਗੜਗੱਜ

ਪੰਜਾਬ ਟਾਇਮਜ਼ | ਖ਼ਬਰ




ਸ੍ਰੀ ਅਨੰਦਪੁਰ ਸਾਹਿਬ, 16 ਨਵੰਬਰ (ਦਵਿੰਦਰਪਾਲ ਸਿੰਘ)- ਧਰਮ ਦੇ ਰਾਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਰੂਹਾਨੀਅਤ ਅਤੇ ਖਾਲਸਈ ਜਾਹੋ-ਜਲਾਲ ਵਾਲੇ ਮਾਹੌਲ ਵਿਚ 35 ਹਜ਼ਾਰ ਸਹਿਜ ਪਾਠਾਂ ਦੇ ਸਮੂਹਿਕ ਰੂਪ ਵਿਚ ਭੋਗ ਪਾਏ ਗਏ, ਜੋ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਸ਼ਤਾਬਦੀ ਦੇ ਸਬੰਧ ਵਿਚ ਦੇਸ਼-ਵਿਦੇਸ਼ ਦੀਆਂ ਸੰਗਤਾਂ ਵਲੋਂ ਰੱਖੇ ਗਏ ਸਨ। ਇਸ ਮੌਕੇ ਵਿਸ਼ਾਲ ਗੁਰਮਤਿ ਸਮਾਗਮ 'ਚ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਸਿੰਘ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਡਾ. ਦਲਜੀਤ ਸਿੰਘ ਚੀਮਾ ਸਮੇਤ ਪ੍ਰਮੁੱਖ ਸਖਸ਼ੀਅਤਾਂ ਅਤੇ ਵੱਡੀ ਗਿਣਤੀ ਸੰਗਤਾਂ ਨੇ ਹਾਜ਼ਰੀ ਭਰੀ। ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਵਿਸ਼ਾਲ ਮੈਦਾਨ ਵਿਚ ਸਜੇ ਪੰਡਾਲ ਵਿਚ ਧਾਰਮਿਕ ਦੀਵਾਨ ਵਿਚ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਮੂਲੀਅਤ ਕਰਕੇ ਪਾਵਨ ਗੁਰਬਾਣੀ ਦੇ ਪਾਠ ਕੀਤੇ ਤੇ ਗੁਰੂ ਸਾਹਿਬਾਨ ਪ੍ਰਤੀ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਸਮਾਗਮ ਦੌਰਾਨ ਰਾਗੀ, ਪ੍ਰਚਾਰਕ, ਢਾਡੀ ਤੇ ਕਵੀਸ਼ਰ ਜਥਿਆਂ ਨੇ ਵੀ ਸੰਗਤਾਂ ਨਾਲ ਗੁਰ ਇਤਿਹਾਸ ਦੀ ਸਾਂਝ ਪਾਈ। ਅਰਦਾਸ ਗਿਆਨੀ ਜੋਗਿੰਦਰ ਸਿੰਘ ਨੇ ਕੀਤੀ।

ਇਸ ਦੌਰਾਨ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਹਿਜ ਪਾਠ ਕਰਨ ਵਾਲੀਆਂ ਸੰਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਹਰੇਕ ਸਿੱਖ ਨੂੰ ਜੀਵਨ ਵਿਚ ਵੱਧ ਤੋਂ ਵੱਧ ਸਹਿਜ ਪਾਠ ਕਰਕੇ ਗੁਰਬਾਣੀ ਨੂੰ ਜੀਵਨ ਵਿਚ ਧਾਰਨ ਕਰਨ ਦਾ ਯਤਨ ਕਰਨਾ ਚਾਹੀਦਾ ਹੈ। ਉਨ੍ਹਾਂ ਸਮੁੱਚੀ ਸਿੱਖ ਕੌਮ ਨੂੰ ਅਪੀਲ ਕੀਤੀ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਸ਼ਤਾਬਦੀ ਮੌਕੇ 23 ਨਵੰਬਰ ਤੋਂ 29 ਨਵੰਬਰ ਤੱਕ ਆਪਣੇ ਘਰਾਂ, ਵਪਾਰਕ ਅਦਾਰਿਆਂ ਅਤੇ ਹੋਰ ਥਾਵਾਂ 'ਤੇ ਖ਼ਾਲਸਈ ਨਿਸ਼ਾਨ ਸਾਹਿਬ ਝੁਲਾਏ ਜਾਣ ਤਾਂ ਜੋ ਦੁਨੀਆ ਨੂੰ ਇਹ ਦੱਸਿਆ ਜਾ ਸਕੇ ਕਿ ਅੱਜ ਵਿਸ਼ਵ ਭਰ ਵਿਚ ਸਿੱਖ ਕੌਮ ਦਾ ਜੋ ਨਿਆਰਾ ਜਾਹੋ-ਜਲਾਲ ਹੈ, ਇਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਮਹਾਨ ਸ਼ਹਾਦਤ ਦੇ ਸਦਕਾ ਹੈ। ਉਨ੍ਹਾਂ ਕਿਹਾ ਕਿ ਦੁਨੀਆ ਵਿਚ ਆਪਣੇ ਧਰਮ ਦੀ ਖਾਤਰ ਕੁਰਬਾਨ ਹੋਣ ਵਾਲੇ ਅਨੇਕਾਂ ਰਹਿਬਰ ਮਿਲ ਜਾਣਗੇ ਪਰ ਦੂਜਿਆਂ ਦੇ ਵਿਸ਼ਵਾਸਾਂ ਦੀ ਰੱਖਿਆ ਲਈ ਮਹਾਨ ਸ਼ਹਾਦਤ ਦੇਣ ਵਾਲੇ ਸਿਰਫ ਸ੍ਰੀ ਗੁਰੂ ਤੇਗ ਬਹਾਦਰ ਜੀ ਹਨ। ਉਨ੍ਹਾਂ ਦੇਸ਼ ਵਿਚ ਵੱਖ-ਵੱਖ ਥਾਵਾਂ 'ਤੇ ਸਿੱਖਾਂ ਨੂੰ ਕਿਰਪਾਨ ਅਤੇ ਕੜਾ ਪਹਿਨਣ ਤੋਂ ਰੋਕਣ ਦੀਆਂ ਘਟਨਾਵਾਂ ਦਾ ਜ਼ਿਕਰ ਕਰਦਿਆਂ ਆਖਿਆ ਕਿ ਜੇ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਦਿੱਲੀ ਦੇ ਚਾਂਦਨੀ ਚੌਕ ਵਿਚ ਸੀਸ ਕਟਵਾ ਕੇ ਸਮੇਂ ਦੇ ਹੁਕਮਰਾਨ ਔਰੰਗਜ਼ੇਬ ਨੂੰ ਇਹ ਦੱਸ ਦਿੱਤਾ ਸੀ ਕਿ ਧੱਕੇ ਨਾਲ ਕਿਸੇ ਦੇ ਧਾਰਮਿਕ ਚਿੰਨ੍ਹ ਨਹੀਂ ਲੁਹਾਏ ਜਾ ਸਕਦੇ ਤਾਂ ਅੱਜ ਵੀ ਸਮੇਂ ਦੀ ਸਰਕਾਰ ਨੂੰ ਸਮਝ ਜਾਣਾ ਚਾਹੀਦਾ ਹੈ ਕਿ ਸਿੱਖ ਆਪਣੇ ਧਾਰਮਿਕ ਕਕਾਰਾਂ ਦੀ ਖਾਤਰ ਕਿਸੇ ਵੀ ਹੱਦ ਤੱਕ ਜਾ ਸਕਦੇ ਹਨ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦਾ 350 ਸਾਲਾ ਦਿਹਾੜਾ ਇਕ ਅਹਿਮ ਮੌਕਾ ਹੈ ਜਿਸ ਨੂੰ ਸਮਰਪਿਤ ਹੁੰਦਿਆਂ ਅੱਜ ਦੀ ਸਰਕਾਰ ਨੂੰ ਵੱਡਾ ਦਿਲ ਦਿਖਾਉਂਦਿਆਂ ਬੰਦੀ ਸਿੰਘਾਂ ਦੀ ਰਿਹਾਈ ਦਾ ਐਲਾਨ ਕਰਨਾ ਚਾਹੀਦਾ ਹੈ। ਉਨ੍ਹਾਂ ਨੌਵੇਂ ਪਾਤਸ਼ਾਹ ਦੀ ਸ਼ਹੀਦੀ ਸ਼ਤਾਬਦੀ ਸਬੰਧੀ 23 ਨਵੰਬਰ ਤੋਂ 29 ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋ ਰਹੇ ਕੌਮੀ ਪੱਧਰ ਦੇ ਗੁਰਮਤਿ ਸਮਾਗਮਾਂ ਵਿਚ ਵੱਧ ਤੋਂ ਵੱਧ ਸੰਗਤ ਨੂੰ ਪਰਿਵਾਰਾਂ ਸਮੇਤ ਪਹੁੰਚ ਕੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਮਹਾਨ ਸ਼ਹਾਦਤ ਨੂੰ ਅਕੀਦਤ ਦੇ ਫੁੱਲ ਭੇਟ ਕਰਨ ਦੀ ਅਪੀਲ ਕੀਤੀ।ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਡਾ. ਦਿਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਪਰਮਜੀਤ ਸਿੰਘ ਲੱਖੇਵਾਲ, ਬਾਬਾ ਨਾਗਰ ਸਿੰਘ ਹਰੀਆਂ ਵੇਲਾਂ, ਬਾਬਾ ਨਿਹਾਲ ਸਿੰਘ ਬਾਬਾ ਬਿਧੀ ਚੰਦ ਸੰਪਰਦਾ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ ਵਾਲੇ, ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਪ੍ਰਿੰਸੀਪਲ ਜਸਬੀਰ ਸਿੰਘ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਗੁਰਦੀਪ ਸਿੰਘ ਕੰਗ, ਵਧੀਕ ਮੈਨੇਜਰ ਐਡਵੋਕੇਟ ਹਰਦੇਵ ਸਿੰਘ, ਤਖਤ ਸ੍ਰੀ ਦਮਦਮਾ ਸਾਹਿਬ ਦੇ ਮੈਨੇਜਰ ਸ. ਨਰਿੰਦਰ ਸਿੰਘ ਭਵਾਨੀਗੜ੍ਹ, ਸਹਿਜ ਪਾਠ ਸੇਵਾ ਸੰਸਥਾ ਤੋਂ ਭਾਈ ਜਗਰੂਪ ਸਿੰਘ, ਭਾਈ ਰਾਜਪਾਲ ਸਿੰਘ, ਸ. ਦਵਿੰਦਰ ਸਿੰਘ ਚੀਫ਼, ਸਿੱਖ ਮਿਸ਼ਨਰੀ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਿੰਸੀਪਲ ਸ. ਚਰਨਜੀਤ ਸਿੰਘ, ਭਾਈ ਗੁਰਮੀਤ ਸਿੰਘ ਬੜੂ ਸਾਹਿਬ, ਸ. ਭਗਤ ਸਿੰਘ ਚਨੌਲੀ, ਸ. ਸੁਰਿੰਦਰ ਸਿੰਘ ਮਟੌਰ, ਹਰਦੇਵ ਸਿੰਘ ਦੇਬੀ, ਬਾਬਾ ਸਰੂਪ ਸਿੰਘ ਡੂਮੇਵਾਲ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

ਇਸ ਮੌਕੇ ਮੀਡੀਆ ਨਾਲ ਗੱਲ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਕਰਨਾ ਹੈ ਤਾਂ ਸਰਕਾਰ ਨੂੰ ਸਿੱਖ ਸਰੋਕਾਰਾਂ ਦੀ ਤਰਜਮਾਨੀ ਕਰਦਿਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਮੂਹ ਬੰਦੀ ਸਿੰਘ ਦੀ ਰਿਹਾਈ ਤੇ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਸਜ਼ਾ ਉਮਰ ਕੈਦ ਵਿੱਚ ਤਬਦੀਲ ਕਰਨ ਦੇ ਮਤੇ ਪਾਸ ਕਰਨੇ ਚਾਹੀਦੇ ਹਨ। ਉਨ੍ਹਾਂ ਸਰਕਾਰ ਨੂੰ ਸ੍ਰੀ ਅਨੰਦਪੁਰ ਸਾਹਿਬ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਦੀ ਗੱਲ ਵੀ ਆਖੀ।


# श्री आनंदपुर साहिब की पावन धरा पर 35 हजार सहज पाठ साहिब के सामूहिक भोग डाले

**हजारों की संख्या में पहुंची सिख संगत ने खालसाई जज्बे और जोश से भरा माहौल बनाया**

## 350वीं शहीदी शताब्दी दौरान 23 से 25 नवंबर तक घरों पर खालसाई निशान साहिब फहराएं : जत्थेदार ज्ञानी कुलदीप सिंह गड़गज

**सवेरा न्यूज/मधु सूदन**

श्री आनंदपुर साहिब, 16 नवंबर : श्री गुरु तेग बहादुर जी और उनके अनन्य सिख भाई सती दास जी, भाई मति दास जी तथा भाई दियाला जी के शहीदी साके की 350वीं शताब्दी को समर्पित श्री सहज पाठ साहिब सेवा संस्था की ओर से श्री आनंदपुर साहिब के श्री गुरु तेग बहादुर खालसा कॉलेज के श्री गुरु गोबिंद सिंह स्टेडियम में 35 हजार सहज पाठ साहिब के सामूहिक भोग डाले गए। यह विशाल समागम श्री अकाल तख्त साहिब और तख्त श्री केसगढ़ साहिब की रहनुमाई तथा शिरोमणि गुरुद्वारा प्रबंधक कमेटी के विशेष सहयोग से आयोजित किया गया तथा पूरे परिसर में खालसाई जज्बे और शान का दिव्य माहौल छाया रहा। इस दौरान श्री अकाल तख्त साहिब के कार्यकारी जत्थेदार एवं तख्त श्री केसगढ़ साहिब के जत्थेदार ज्ञानी कुलदीप सिंह गड़गज ने संपूर्ण सिख कौम से अपील करते हुए कहा कि 23 से 29 नवंबर तक 350वीं शहीदी शताब्दी को समर्पित अपने-अपने घरों पर खालसाई निशान साहिब अवश्य फहराएं। उन्होंने सिख संगत को शताब्दी समारोहों के दौरान खालसे की जन्मभूमि श्री आनंदपुर साहिब, तख्त श्री केसगढ़ साहिब और गुरुद्वारा श्री सीस गंज साहिब में लाखों की संख्या में पहुँचकर हाज़िरी भरने के लिए कहा। जत्थेदार गड़गज ने संगत को गुरु साहिबान की बख्शी हुई शिक्षाओं पर चलने, श्री गुरु ग्रंथ साहिब जी की गुरुबाणी से जुड़े रहने और सिखी बाने को अपनाने की प्रेरणा दी। इस अवसर पर शिरोमणि कमेटी के मुख्य सचिव सरदार कुलवंत सिंह मनन, अंतरिम कमेटी सदस्य स. दिलजीत सिंह भिंडर, संत बाबा सतनाम सिंह कार सेवा किला आनंदगढ़ साहिब, गुरुद्वारा शहीदी बाग साहिब एवं दल पंथ बाबा बिधी चंद से बाबा निहाल सिंह, तरणा दल हरियां वेलां से जत्थेदार बाबा नागर सिंह, तख्त श्री केसगढ़ साहिब से मुख्य ग्रंथी ज्ञानी जुगिंदर सिंह, भाई राजपाल सिंह श्री सहज पाठ साहिब सेवा संस्था, भाई दिलबाग सिंह, श्री गुरु तेग बहादुर खालसा कॉलेज के प्रिंसीपल डॉ. जसबीर सिंह, मैनेजर गुरदीप सिंह कंग, एडिशनल मैनेजर हरदेव सिंह तथा सिख मिशनरी कॉलेज श्री आनंदपुर साहिब के प्रिंसीपल चरणजीत सिंह समेत बड़ी संख्या में सिख संगत उपस्थित थी।





श्री आनंदपुर साहिब के श्री गुरु तेग बहादुर खालसा कालेज में शहीदी शताब्दी को समर्पित 35 हजार सहज पाठ साहिब के सामूहिक भोग डाले जाने के विभिन्न दृश्य।

# 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸ੍ਰੀ ਅਨੰਦਪੁਰ ਸਾਹਿਬ ਵਿਖੇ 35 ਹਜ਼ਾਰ ਸਹਿਜ ਪਾਠਾਂ ਦੇ ਭੋਗ

## ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ 23 ਤੋਂ 29 ਨਵੰਬਰ ਤੱਕ ਹਰ ਸਿੱਖ ਆਪਣੇ ਘਰ, ਵਪਾਰਕ ਅਦਾਰੇ 'ਤੇ ਖ਼ਾਲਸਈ ਨਿਸ਼ਾਨ ਝੁਲਾਵੇ : ਜਥੇਦਾਰ ਗੜਗੱਜ

ਪੰਜਾਬ ਟਾਇਮਜ਼ ਖ਼ਬਰ




ਸ੍ਰੀ ਅਨੰਦਪੁਰ ਸਾਹਿਬ, 16 ਨਵੰਬਰ (ਦਵਿੰਦਰਪਾਲ ਸਿੰਘ)- ਧਰਮ ਦੇ ਰਾਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਅੱਜ ਸ਼?ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਰੂਹਾਨੀਅਤ ਅਤੇ ਖਾਲਸਈ ਜਾਹੋ-ਜਲਾਲ ਵਾਲੇ ਮਾਹੌਲ ਵਿਚ 35 ਹਜ਼ਾਰ ਸਹਿਜ ਪਾਠਾਂ ਦੇ ਸਮੂਹਿਕ ਰੂਪ ਵਿਚ ਭੋਗ ਪਾਏ ਗਏ, ਜੋ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਸ਼ਤਾਬਦੀ ਦੇ ਸਬੰਧ ਵਿਚ ਦੇਸ਼-ਵਿਦੇਸ਼ ਦੀਆਂ ਸੰਗਤਾਂ ਵਲੋਂ ਰੱਖੇ ਗਏ ਸਨ। ਇਸ ਮੌਕੇ ਵਿਸ਼ਾਲ ਗੁਰਮਤਿ ਸਮਾਗਮ 'ਚ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਸਿੰਘ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਡਾ. ਦਲਜੀਤ ਸਿੰਘ ਚੀਮਾ ਸਮੇਤ ਪ੍ਰਮੁੱਖ ਸਖਸ਼ੀਅਤਾਂ ਅਤੇ ਵੱਡੀ ਗਿਣਤੀ ਸੰਗਤਾਂ ਨੇ ਹਾਜ਼ਰੀ ਭਰੀ। ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਵਿਸ਼ਾਲ ਮੈਦਾਨ ਵਿਚ ਸਜੇ ਪੰਡਾਲ ਵਿਚ ਧਾਰਮਿਕ ਦੀਵਾਨ ਵਿਚ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਮੂਲੀਅਤ ਕਰਕੇ ਪਾਵਨ ਗੁਰਬਾਣੀ ਦੇ ਪਾਠ ਕੀਤੇ ਤੇ ਗੁਰੂ ਸਾਹਿਬਾਨ ਪ੍ਰਤੀ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਸਮਾਗਮ ਦੌਰਾਨ ਰਾਗੀ, ਪ੍ਰਚਾਰਕ, ਢਾਡੀ ਤੇ ਕਵੀਸ਼ਰ ਜਥਿਆਂ ਨੇ ਵੀ ਸੰਗਤਾਂ ਨਾਲ ਗੁਰ ਇਤਿਹਾਸ ਦੀ ਸਾਂਝ ਪਾਈ। ਅਰਦਾਸ ਗਿਆਨੀ ਜੋਗਿੰਦਰ ਸਿੰਘ ਨੇ ਕੀਤੀ।

ਇਸ ਦੌਰਾਨ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਹਿਜ ਪਾਠ ਕਰਨ ਵਾਲੀਆਂ ਸੰਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਹਰੇਕ ਸਿੱਖ ਨੂੰ ਜੀਵਨ ਵਿਚ ਵੱਧ ਤੋਂ ਵੱਧ ਸਹਿਜ ਪਾਠ ਕਰਕੇ ਗੁਰਬਾਣੀ ਨੂੰ ਜੀਵਨ ਵਿਚ ਧਾਰਨ ਕਰਨ ਦਾ ਯਤਨ ਕਰਨਾ ਚਾਹੀਦਾ ਹੈ। ਉਨ੍ਹਾਂ ਸਮੁੱਚੀ ਸਿੱਖ ਕੌਮ ਨੂੰ ਅਪੀਲ ਕੀਤੀ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਸ਼ਤਾਬਦੀ ਮੌਕੇ 23 ਨਵੰਬਰ ਤੋਂ 29 ਨਵੰਬਰ ਤੱਕ ਆਪਣੇ ਘਰਾਂ, ਵਪਾਰਕ ਅਦਾਰਿਆਂ ਅਤੇ ਹੋਰ ਥਾਵਾਂ 'ਤੇ ਖ਼ਾਲਸਈ ਨਿਸ਼ਾਨ ਸਾਹਿਬ ਝੁਲਾਏ ਜਾਣ ਤਾਂ ਜੋ ਦੁਨੀਆ ਨੂੰ ਇਹ ਦੱਸਿਆ ਜਾ ਸਕੇ ਕਿ ਅੱਜ ਵਿਸ਼ਵ ਭਰ ਵਿਚ ਸਿੱਖ ਕੌਮ ਦਾ ਜੋ ਨਿਆਰਾ ਜਾਹੋ-ਜਲਾਲ ਹੈ, ਇਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਮਹਾਨ ਸ਼ਹਾਦਤ ਦੇ ਸਦਕਾ ਹੈ। ਉਨ੍ਹਾਂ ਕਿਹਾ ਕਿ ਦੁਨੀਆ ਵਿਚ ਆਪਣੇ ਧਰਮ ਦੀ ਖਾਤਰ ਕੁਰਬਾਨ ਹੋਣ ਵਾਲੇ ਅਨੇਕਾਂ ਰਹਿਬਰ ਮਿਲ ਜਾਣਗੇ ਪਰ ਦੂਜਿਆਂ ਦੇ ਵਿਸ਼ਵਾਸਾਂ ਦੀ ਰੱਖਿਆ ਲਈ ਮਹਾਨ ਸ਼ਹਾਦਤ ਦੇਣ ਵਾਲੇ ਸਿਰਫ ਸ੍ਰੀ ਗੁਰੂ ਤੇਗ ਬਹਾਦਰ ਜੀ ਹਨ। ਉਨ੍ਹਾਂ ਦੇਸ਼ ਵਿਚ ਵੱਖ-ਵੱਖ ਥਾਵਾਂ 'ਤੇ ਸਿੱਖਾਂ ਨੂੰ ਕਿਰਪਾਨ ਅਤੇ ਕੜਾ ਪਹਿਨਣ ਤੋਂ ਰੋਕਣ ਦੀਆਂ ਘਟਨਾਵਾਂ ਦਾ ਜ਼ਿਕਰ ਕਰਦਿਆਂ ਆਖਿਆ ਕਿ ਜੇ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਦਿੱਲੀ ਦੇ ਚਾਂਦਨੀ ਚੌਂਕ ਵਿਚ ਸੀਸ ਕਟਵਾ ਕੇ ਸਮੇਂ ਦੇ ਹੁਕਮਰਾਨ ਔਰੰਗਜ਼ੇਬ ਨੂੰ ਇਹ ਦੱਸ ਦਿੱਤਾ ਸੀ ਕਿ ਧੱਕੇ ਨਾਲ ਕਿਸੇ ਦੇ ਧਾਰਮਿਕ ਚਿੰਨ੍ਹ ਨਹੀਂ ਲੁਹਾਏ ਜਾ ਸਕਦੇ ਤਾਂ ਅੱਜ ਵੀ ਸਮੇਂ ਦੀ ਸਰਕਾਰ ਨੂੰ ਸਮਝ ਜਾਣਾ ਚਾਹੀਦਾ ਹੈ ਕਿ ਸਿੱਖ ਆਪਣੇ ਧਾਰਮਿਕ ਕਕਾਰਾਂ ਦੀ ਖਾਤਰ ਕਿਸੇ ਵੀ ਹੱਦ ਤੱਕ ਜਾ ਸਕਦੇ ਹਨ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦਾ 350 ਸਾਲਾ ਦਿਹਾੜਾ ਇਕ ਅਹਿਮ ਮੌਕਾ ਹੈ ਜਿਸ ਨੂੰ ਸਮਰਪਿਤ ਹੁੰਦਿਆਂ ਅੱਜ ਦੀ ਸਰਕਾਰ ਨੂੰ ਵੱਡਾ ਦਿਲ ਦਿਖਾਉਂਦਿਆਂ ਬੰਦੀ ਸਿੰਘਾਂ ਦੀ ਰਿਹਾਈ ਦਾ ਐਲਾਨ ਕਰਨਾ ਚਾਹੀਦਾ ਹੈ। ਉਨ੍ਹਾਂ ਨੌਵੇਂ ਪਾਤਸ਼ਾਹ ਦੀ ਸ਼ਹੀਦੀ ਸ਼ਤਾਬਦੀ ਸਬੰਧੀ 23 ਨਵੰਬਰ ਤੋਂ 29 ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋ ਰਹੇ ਕੌਮੀ ਪੱਧਰ ਦੇ ਗੁਰਮਤਿ ਸਮਾਗਮਾਂ ਵਿਚ ਵੱਧ ਤੋਂ ਵੱਧ ਸੰਗਤ ਨੂੰ ਪਰਿਵਾਰਾਂ ਸਮੇਤ ਪਹੁੰਚ ਕੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਮਹਾਨ ਸ਼ਹਾਦਤ ਨੂੰ ਅਕੀਦਤ ਦੇ ਫੁੱਲ ਭੇਟ ਕਰਨ ਦੀ ਅਪੀਲ ਕੀਤੀ।ਇਸ ਮੌਕੇ ਸ਼?ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਡਾ. ਦਿਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਪਰਮਜੀਤ ਸਿੰਘ ਲੱਖੇਵਾਲ, ਬਾਬਾ ਨਾਗਰ ਸਿੰਘ ਹਰੀਆਂ ਵੇਲਾਂ, ਬਾਬਾ ਨਿਹਾਲ ਸਿੰਘ ਬਾਬਾ ਬਿਧੀ ਚੰਦ ਸੰਪਰਦਾ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ ਵਾਲੇ, ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਪ੍ਰਿੰਸੀਪਲ ਜਸਬੀਰ ਸਿੰਘ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਗੁਰਦੀਪ ਸਿੰਘ ਕੰਗ, ਵਧੀਕ ਮੈਨੇਜਰ ਐਡਵੋਕੇਟ ਹਰਦੇਵ ਸਿੰਘ, ਤਖਤ ਸ੍ਰੀ ਦਮਦਮਾ ਸਾਹਿਬ ਦੇ ਮੈਨੇਜਰ ਸ. ਨਰਿੰਦਰ ਸਿੰਘ ਭਵਾਨੀਗੜ੍ਹ, ਸਹਿਜ ਪਾਠ ਸੇਵਾ ਸੰਸਥਾ ਤੋਂ ਭਾਈ ਜਗਰੂਪ ਸਿੰਘ, ਭਾਈ ਰਾਜਪਾਲ ਸਿੰਘ, ਸ. ਦਵਿੰਦਰ ਸਿੰਘ ਚੀਫ਼, ਸਿੱਖ ਮਿਸ਼ਨਰੀ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਿੰਸੀਪਲ ਸ. ਚਰਨਜੀਤ ਸਿੰਘ, ਭਾਈ ਗੁਰਮੀਤ ਸਿੰਘ ਬੜੂ ਸਾਹਿਬ, ਸ. ਭਗਤ ਸਿੰਘ ਚਨੌਲੀ, ਸ. ਸੁਰਿੰਦਰ ਸਿੰਘ ਮਟੌਰ, ਹਰਦੇਵ ਸਿੰਘ ਦੇਬੀ, ਬਾਬਾ ਸਰੂਪ ਸਿੰਘ ਡੂਮੇਵਾਲ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

ਇਸ ਮੌਕੇ ਮੀਡੀਆ ਨਾਲ ਗੱਲ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਕਰਨਾ ਹੈ ਤਾਂ ਸਰਕਾਰ ਨੂੰ ਸਿੱਖ ਸਰੋਕਾਰਾਂ ਦੀ ਤਰਜਮਾਨੀ ਕਰਦਿਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਮੂਹ ਬੰਦੀ ਸਿੰਘ ਦੀ ਰਿਹਾਈ ਤੇ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਸਜ਼ਾ ਉਮਰ ਕੈਦ ਵਿੱਚ ਤਬਦੀਲ ਕਰਨ ਦੇ ਮਤੇ ਪਾਸ ਕਰਨੇ ਚਾਹੀਦੇ ਹਨ। ਉਨ੍ਹਾਂ ਸਰਕਾਰ ਨੂੰ ਸ੍ਰੀ ਅਨੰਦਪੁਰ ਸਾਹਿਬ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਦੀ ਗੱਲ ਵੀ ਆਖੀ।

# 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸ੍ਰੀ ਅਨੰਦਪੁਰ ਸਾਹਿਬ ਵਿਖੇ 35 ਹਜ਼ਾਰ ਸਹਿਜ ਪਾਠਾਂ ਦੇ ਭੋਗ ਪਾਏ, 23 ਤੋਂ 29 ਨਵੰਬਰ ਤੱਕ ਹਰ ਸਿੱਖ ਆਪਣੇ ਘਰ, ਵਪਾਰਕ ਅਦਾਰੇ 'ਤੇ ਖਾਲਸਈ ਨਿਸ਼ਾਨ ਝੁਲਾਵੇ : ਜਥੇਦਾਰ ਗੜਗੱਜ

ਸ੍ਰੀ ਅਨੰਦਪੁਰ ਸਾਹਿਬ, 16 ਨਵੰਬਰ ਦਲਜੀਤ ਸਿੰਘ)- ਧਰਮ ਦੇ ਰਾਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਰੂਹਾਨੀਅਤ ਅਤੇ ਖਾਲਸਈ ਜਾਹੋ-ਜਲਾਲ ਵਾਲੇ ਮਾਹੌਲ ਵਿਚ 35 ਹਜ਼ਾਰ ਸਹਿਜ ਪਾਠਾਂ ਦੇ ਸਮੂਹਿਕ ਰੂਪ ਵਿਚ ਭੋਗ ਪਾਏ ਗਏ, ਜੋ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਸ਼ਤਾਬਦੀ ਦੇ ਸਬੰਧ ਵਿਚ ਦੇਸ਼-ਵਿਦੇਸ਼ ਦੀਆਂ ਸੰਗਤਾਂ ਵਲੋਂ ਰੱਖੇ ਗਏ ਸਨ।

ਇਸ ਮੌਕੇ ਵਿਸ਼ਾਲ ਗੁਰਮਤਿ ਸਮਾਗਮ 'ਚ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਸਿੰਘ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਡਾ. ਦਲਜੀਤ ਸਿੰਘ ਚੀਮਾ ਸਮੇਤ ਪ੍ਰਮੁੱਖ ਸ਼ਖਸੀਅਤਾਂ ਅਤੇ ਵੱਡੀ ਗਿਣਤੀ ਸੰਗਤਾਂ ਨੇ ਹਾਜ਼ਰੀ ਭਰੀ।

ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਵਿਸ਼ਾਲ ਮੈਦਾਨ ਵਿਚ ਸਜੇ ਪੰਡਾਲ ਵਿਚ ਧਾਰਮਿਕ ਦੀਵਾਨ ਵਿਚ ਵੱਡੀ ਗਿਣਤੀ ਵਿਚ ਸੰਗਤ ਨੇ ਸ਼ਮੂਲੀਅਤ ਕਰ ਕੇ ਪਾਵਨ ਗੁਰਬਾਣੀ ਦੇ ਪਾਠ ਕੀਤੇ ਤੇ ਗੁਰੂ ਸਾਹਿਬਾਨ ਪ੍ਰਤੀ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਸਮਾਗਮ ਦੌਰਾਨ ਰਾਗੀ, ਪ੍ਰਚਾਰਕ, ਢਾਡੀ ਤੇ ਕਵੀਸ਼ਰ ਜਥਿਆਂ ਨੇ ਵੀ ਸੰਗਤਾਂ ਨਾਲ ਗੁਰੂ ਇਤਿਹਾਸ ਦੀ ਸਾਂਝ ਪਾਈ। ਅਰਦਾਸ ਗਿਆਨੀ ਜੋਗਿੰਦਰ ਸਿੰਘ ਨੇ ਕੀਤੀ।





*350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਾਏ 35 ਹਜ਼ਾਰ ਸਹਿਜ ਪਾਠਾਂ ਦੇ ਭੋਗ ਸਮੇਂ ਜੁੜੀ ਸੰਗਤ ਅਤੇ ਸੰਬੋਧਨ ਕਰਦੇ ਹੋਏ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ।* (ਦਲਜੀਤ)

ਇਸ ਦੌਰਾਨ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਹਿਜ ਪਾਠ ਕਰਨ ਵਾਲੀਆਂ ਸੰਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਹਰੇਕ ਸਿੱਖ ਨੂੰ ਜੀਵਨ ਵਿਚ ਵੱਧ ਤੋਂ ਵੱਧ ਸਹਿਜ ਪਾਠ ਕਰ ਕੇ ਗੁਰਬਾਣੀ ਨੂੰ ਜੀਵਨ ਵਿਚ ਧਾਰਨ ਕਰਨ ਦਾ ਯਤਨ ਕਰਨਾ ਚਾਹੀਦਾ ਹੈ। ਉਨ੍ਹਾਂ ਸਮੁੱਚੀ ਸਿੱਖ ਕੌਮ ਨੂੰ ਅਪੀਲ ਕੀਤੀ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਸ਼ਤਾਬਦੀ ਮੌਕੇ 23 ਤੋਂ 29 ਨਵੰਬਰ ਤੱਕ ਆਪਣੇ ਘਰਾਂ, ਵਪਾਰਕ ਅਦਾਰਿਆਂ ਅਤੇ ਹੋਰ ਥਾਵਾਂ 'ਤੇ ਖਾਲਸਾਈ ਨਿਸ਼ਾਨ ਸਾਹਿਬ ਝੁਲਾਏ ਜਾਣ ਤਾਂ ਜੋ ਦੁਨੀਆ ਨੂੰ ਇਹ ਦੱਸਿਆ ਜਾ ਸਕੇ ਕਿ ਅੱਜ ਵਿਸ਼ਵ ਭਰ ਵਿਚ ਸਿੱਖ ਕੌਮ ਦਾ ਜੋ ਨਿਆਰਾ ਜਾਹੋ-ਜਲਾਲ ਹੈ।


ਇਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਮਹਾਨ ਸ਼ਹਾਦਤ ਦੇ ਸਦਕਾ ਹੈ। ਉਨ੍ਹਾਂ ਕਿਹਾ ਕਿ ਦੁਨੀਆ ਵਿਚ ਆਪਣੇ ਧਰਮ ਦੀ ਖਾਤਰ ਕੁਰਬਾਨ ਹੋਣ ਵਾਲੇ ਅਨੇਕਾਂ ਰਹਿਬਰ ਮਿਲ ਜਾਣਗੇ ਪਰ ਦੂਜਿਆਂ ਦੇ ਵਿਸ਼ਵਾਸਾਂ ਦੀ ਰੱਖਿਆ ਲਈ ਮਹਾਨ ਸ਼ਹਾਦਤ ਦੇਣ ਵਾਲੇ ਸਿਰਫ ਸ੍ਰੀ ਗੁਰੂ ਤੇਗ ਬਹਾਦਰ ਜੀ ਹਨ। ਉਨ੍ਹਾਂ ਦੇਸ਼ ਵਿਚ ਵੱਖ-ਵੱਖ ਥਾਵਾਂ 'ਤੇ ਸਿੱਖਾਂ ਨੂੰ ਕਿਰਪਾਨ ਅਤੇ ਕੜਾ ਪਹਿਨਣ ਤੋਂ ਰੋਕਣ ਦੀਆਂ ਘਟਨਾਵਾਂ ਦਾ ਜ਼ਿਕਰ ਕਰਦਿਆਂ ਆਖਿਆ ਕਿ ਜੋ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਦਿੱਲੀ ਦੇ ਚਾਂਦਨੀ ਚੌਕ ਵਿਚ ਸੀਸ ਕਟਵਾ ਕੇ ਸਮੇਂ ਦੇ ਹੁਕਮਰਾਨ ਔਰੰਗਜ਼ੇਬ ਨੂੰ ਇਹ ਦੱਸ ਦਿੱਤਾ ਸੀ ਕਿ ਧੱਕੇ ਨਾਲ ਕਿਸੇ ਦੇ ਧਾਰਮਿਕ ਚਿੰਨ੍ਹ ਨਹੀਂ ਲੁਹਾਏ ਜਾ ਸਕਦੇ ਤਾਂ ਅੱਜ ਵੀ ਸਮੇਂ ਦੀ ਸਰਕਾਰ ਨੂੰ ਸਮਝ ਜਾਣਾ ਚਾਹੀਦਾ ਹੈ ਕਿ ਸਿੱਖ ਆਪਣੇ ਧਾਰਮਿਕ ਕਕਾਰਾਂ ਦੀ ਖਾਤਰ ਕਿਸੇ ਵੀ ਹੱਦ ਤੱਕ ਜਾ ਸਕਦੇ ਹਨ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦਾ 350 ਸਾਲਾ ਦਿਹਾੜਾ ਇਕ ਅਹਿਮ ਮੌਕਾ ਹੈ ਜਿਸ ਨੂੰ ਸਮਰਪਿਤ ਹੁੰਦਿਆਂ ਅੱਜ ਦੀ ਸਰਕਾਰ ਨੂੰ ਵੱਡਾ ਦਿਲ ਦਿਖਾਉਂਦਿਆਂ ਬੰਦੀ ਸਿੰਘਾਂ ਦੀ ਰਿਹਾਈ ਦਾ ਐਲਾਨ ਕਰਨਾ ਚਾਹੀਦਾ ਹੈ। ਉਨ੍ਹਾਂ ਨੌਵੇਂ ਪਾਤਸ਼ਾਹ ਦੀ ਸ਼ਹੀਦੀ ਸ਼ਤਾਬਦੀ ਸਬੰਧੀ 23 ਤੋਂ 29 ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋ ਰਹੇ ਕੌਮੀ ਪੱਧਰ ਦੇ ਗੁਰਮਤਿ ਸਮਾਗਮਾਂ ਵਿਚ ਵੱਧ ਤੋਂ ਵੱਧ ਸੰਗਤ ਨੂੰ ਪਰਿਵਾਰਾਂ ਸਮੇਤ ਪਹੁੰਚ ਕੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਮਹਾਨ ਸ਼ਹਾਦਤ ਨੂੰ ਅਕੀਦਤ ਦੇ ਫੁੱਲ ਭੇਟ ਕਰਨ ਦੀ ਅਪੀਲ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਡਾ. ਦਿਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਪਰਮਜੀਤ ਸਿੰਘ ਲੱਖੇਵਾਲ, ਬਾਬਾ ਨਾਗਰ ਸਿੰਘ ਹਰੀਆਂ ਵੇਲਾਂ, ਬਾਬਾ ਨਿਹਾਲ ਸਿੰਘ ਬਾਬਾ ਬਿਧੀ ਚੰਦ ਸੰਪਰਦਾ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ ਵਾਲੇ, ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਪ੍ਰਿੰਸੀਪਲ ਜਸਬੀਰ ਸਿੰਘ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਗੁਰਦੀਪ ਸਿੰਘ ਕੰਗ, ਵਧੀਕ ਮੈਨੇਜਰ ਐਡਵੋਕੇਟ ਹਰਦੇਵ ਸਿੰਘ, ਤਖਤ ਸ੍ਰੀ ਦਮਦਮਾ ਸਾਹਿਬ ਦੇ ਮੈਨੇਜਰ ਨਰਿੰਦਰ ਸਿੰਘ ਭਵਾਨੀਗੜ੍ਹ, ਸਹਿਜ ਪਾਠ ਸੇਵਾ ਸੰਸਥਾ ਤੋਂ ਭਾਈ ਜਗਰੂਪ ਸਿੰਘ, ਭਾਈ ਰਾਜਪਾਲ ਸਿੰਘ, ਦਵਿੰਦਰ ਸਿੰਘ ਚੀਫ਼, ਸਿੱਖ ਮਿਸ਼ਨਰੀ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਿੰਸੀਪਲ ਚਰਨਜੀਤ ਸਿੰਘ, ਭਾਈ ਗੁਰਮੀਤ ਸਿੰਘ ਬੜੂ ਸਾਹਿਬ, ਭਗਤ ਸਿੰਘ ਚਨੌਲੀ, ਸੁਰਿੰਦਰ ਸਿੰਘ ਮਟੌਰ, ਹਰਦੇਵ ਸਿੰਘ ਦੇਬੀ, ਬਾਬਾ ਸਰੂਪ ਸਿੰਘ ਡੂਮੇਵਾਲ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

# शहीदी दिवस को समर्पित पाठ का भोग समागम करवाया

**संवाद सहयोगी, जागरण● आनंदपुर साहिब :(रूपनगर)**: गुरु तेग बहादुर खालसा कालेज में गुरु तेग बहादुर साहिब के शहीदी दिवस को समर्पित संगती रूप में सहज पाठ का भोग समागम करवाया गया।



श्री गुरु तेग बहादुर खालसा कालेज में शहीदी दिवस को समर्पित संगत रूप में सहज पाठ के भोग समागम दौरान उपस्थित संगत● जागरण

इसमें 50 हजार से अधिक संगत माथा टेका। समागम में पंजाब के विभिन्न हिस्सों से 50 हजार से अधिक संगत पहुंची। यह वह संगत थी, जिन्होंने अपने घरों में शहीदी शताब्दी को समर्पित श्री सहज पाठ साहिब के पाठ रखे थे। तख्त श्री केसगढ़ साहिब के जत्थेदार सिंह साहिब ज्ञानी कुलदीप सिंह गड़गज ने संगत को संबोधित करते गुरु जी के फलसफे को अपनी जिंदगी में ढालने की अपील की। उन्होंने कहा कि आज जरूरत है कि मानवीय अधिकारों की रक्षा के लिए आवाज बुलंद की जाए।

उन्होंने कहा कि सिखों को गुरबाणी से प्रेरणा लेते हुए मजलूमों की रक्षा के लिए आवाज बुलंद करनी चाहए। शहीदी शताब्दी मौके संगत के जाहो जलाल को देखकर कहा कि समूह खालसा पंथ आज शताब्दी पूरी चढ़ती कला से मना रहा है।

उन्होंने संगत को अपील की कि संगत एसजीपीसी के सभी प्रोग्रामों में बढ़ चढ़कर शामिल हों और गुरु घर की खुशियां प्राप्त करें।



ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਤੇ ਹੋਰ।

# 350 ਸਾਲਾ ਸ਼ਹੀਦੀ ਦਿਹਾੜੇ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਨੇ ਵੱਡੇ ਪ੍ਰੋਗਰਾਮ ਉਲੀਕੇ-ਕੁਲਵੰਤ ਸਿੰਘ ਮੰਨਣ

ਸ੍ਰੀ ਅਨੰਦਪੁਰ ਸਾਹਿਬ, 16 ਨਵੰਬਰ (ਜੇ. ਐਸ. ਨਿੱਕੂਵਾਲ)-ਗੁਰੂ ਤੇਗ ਬਹਾਦਰ ਜੀ ਦੀ 350 ਸਾਲਾਂ ਸ਼ਹੀਦੀ ਦਿਹਾੜੇ ਨੂੰ ਲੈ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਵੱਡੇ ਪ੍ਰੋਗਰਾਮ ਉਲੀਕੇ ਗਏ ਹਨ, ਜੋ 21 ਨਵੰਬਰ ਤੋਂ ਲੈ ਕੇ 29 ਨਵੰਬਰ ਤੱਕ ਗੁਰਦੁਆਰਾ ਸੀਸਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਚੱਲਣਗੇ। ਇਹ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਭਾਈ ਕੁਲਵੰਤ ਸਿੰਘ ਮੰਨਣ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਖ਼ਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਗੱਲਬਾਤ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾਂ ਦੱਸਿਆ ਕਿ 23 ਨਵੰਬਰ ਨੂੰ ਗੁਰਦੁਆਰਾ ਗੁਰੂ ਕੇ ਮਹਿਲ ਭੋਰਾ ਸਾਹਿਬ ਵਿਖੇ ਗੁਰੂ ਗੋਬਿੰਦ ਸਿੰਘ ਜੀ ਦੀ ਗੁਰਿਆਈ ਦਿਵਸ ਦੇ ਸਮਾਗਮ ਹੋਣਗੇ ਜਦ ਕਿ 25 ਨਵੰਬਰ ਨੂੰ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਲੈ ਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਗੁਰਮਤਿ ਸਮਾਗਮ ਹੋਣਗੇ। ਇਸ ਤੋਂ ਬਿਨਾਂ 29 ਨਵੰਬਰ ਨੂੰ ਸ਼ੀਸ਼ ਸਸਕਾਰ ਦਿਵਸ ਨੂੰ ਲੈ ਕੇ ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਸਮਾਗਮ ਹੋਣਗੇ। ਇਸ ਮੌਕੇ ਖ਼ਾਲਸਾ ਕਾਲਜ ਦੇ ਪ੍ਰਿੰਸੀਪਲ ਡਾ. ਜਸਬੀਰ ਸਿੰਘ ਵੀ ਹਾਜ਼ਰ ਸਨ।



ਪਿੰਡ ਉੱਪਰਲਾ ਅਸਮਾਨਪੁਰ ਤੇ ਸੰਦੋਆ ਦੀਆਂ ਸੰਗਤਾਂ ਸ੍ਰੀ ਅਨੰਦਪੁਰ ਸਾਹਿਬ ਲਈ ਰਵਾਨਾ ਹੁੰਦੀਆਂ ਹੋਈਆਂ। ਤਸਵੀਰ : ਵਿੰਦਰਪਾਲ ਝਾਂਡੀਆਂ

# ਸ਼ਹੀਦੀ ਦਿਹਾੜੇ ਨੂੰ ਸਮਰਪਿਤ ਚੱਲ ਰਹੇ ਸ੍ਰੀ ਸਹਿਜ ਪਾਠਾਂ ਦੀ ਲੜੀ ਤਹਿਤ ਪਾਏ ਗਏ

ਨੂਰਪੁਰ ਬੇਦੀ, 16 ਨਵੰਬਰ (ਵਿੰਦਰਪਾਲ ਝਾਂਡੀਆਂ)-ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸ੍ਰੀ ਗੁਰੂ ਤੇਗ ਬਹਾਦਰ ਖ਼ਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਚੱਲ ਰਹੇ ਸ੍ਰੀ ਸਹਿਜ ਪਾਠਾਂ ਦੀ ਲੜੀ ਤਹਿਤ ਅੱਜ ਪਾਏ ਗਏ, ਭੋਗ 'ਚ ਨੂਰਪੁਰ ਬੇਦੀ ਇਲਾਕੇ ਦੇ ਪਿੰਡ ਉੱਪਰਲਾ ਅਸਮਾਨਪੁਰ ਤੇ ਪਿੰਡ ਸੰਦੋਆ ਦੀਆਂ ਸੰਗਤਾਂ ਵੱਡੀ ਗਿਣਤੀ 'ਚ ਵੀ ਸ਼ਾਮਿਲ ਹੋਈਆਂ ਹਨ। ਇਸ ਮੌਕੇ ਸੰਗਤਾਂ ਨੇ ਮੱਥਾ ਟੇਕਿਆ। ਇਸ ਸੰਬੰਧੀ ਸੁਰਿੰਦਰ ਸਿੰਘ ਫ਼ੌਜੀ ਨੇ ਦੱਸਿਆ ਕਿ ਸੰਗਤਾਂ ਸਵੇਰੇ ਪਿੰਡ ਦੇ ਗੁਰਦੁਆਰਾ ਸਿੰਘ ਸਭਾ ਵਿਖੇ ਇਕੱਤਰ ਹੋ ਕੇ ਵੱਡੇ ਜਥੇ ਦੇ ਰੂਪ 'ਚ ਸ੍ਰੀ ਅਨੰਦਪੁਰ ਸਾਹਿਬ ਲਈ ਇਸ ਸਮਾਗਮ 'ਚ ਸ਼ਾਮਿਲ ਹੋਣ ਲਈ ਰਵਾਨਾ ਹੋਈਆਂ ਸਨ। ਉਨ੍ਹਾਂ ਨੇ ਦੱਸਿਆ ਕਿ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ 'ਚ ਸ਼ਾਮਿਲ ਹੋਣ ਤੋਂ ਬਾਅਦ ਸੰਗਤਾਂ ਨੇ ਗੁਰਦੁਆਰਾ ਸ਼ੀਸ਼ ਗੰਜ ਸਾਹਿਬ ਵਿਖੇ ਨਤਮਸਤਕ ਹੋ ਕੇ ਮੱਥਾ ਟੇਕਿਆ। ਇਸ ਮੌਕੇ ਮੇਜਰ ਸਿੰਘ, ਰਚਨ ਸਿੰਘ, ਸੁਰਿੰਦਰ ਸਿੰਘ ਫ਼ੌਜੀ, ਕਰਨੈਲ ਸਿੰਘ, ਮੋਹਨ ਸਿੰਘ, ਸਰਪੰਚ ਜਤਿੰਦਰ ਸਿੰਘ, ਪਰਮਜੀਤ ਸਿੰਘ ਪੰਮਾ, ਸੇਵਾ ਸਿੰਘ, ਨੰਬਰਦਾਰ ਸੁੱਚਾ ਸਿੰਘ, ਰਮਨਦੀਪ ਕੌਰ, ਸਹਿਤ ਵੱਡੀ ਗਿਣਤੀ 'ਚ ਸੰਗਤਾਂ ਸ਼ਾਮਿਲ ਸਨ।